## ਪ੍ਰਧਾਨ ਮੰਤਰੀ ਨੇ USA ਦੇ ਰਾਸ਼ਟਰਪਤੀ ਨਾਲ ਗੱਲਬਾਤ ਕੀਤੀ

11 ਦਸੰਬਰ 2025

ਪ੍ਰਧਾਨ ਮੰਤਰੀ, ਸ਼੍ਰੀ ਨਰਿੰਦਰ ਮੋਦੀ ਨੇ ਅੱਜ ਸੰਯੁਕਤ ਰਾਜ ਅਮਰੀਕਾ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਡੋਨਾਲਡ ਟਰੰਪ ਨੇ ਨਾਲ ਗੱਲਬਾਤ ਕੀਤੀ।

ਦੋਵੇਂ ਲੀਡਰਾਂ ਨੇ ਭਾਰਤ-ਅਮਰੀਕਾ ਦੇ ਦੁਵੱਲੇ ਸਬੰਧਾਂ ਵਿੱਚ ਨਿਰੰਤਰ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਮੁੱਖ ਖੇਤਰੀ ਅਤੇ ਵਿਸ਼ਵ ਘਟਨਾਵਾਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

ਪ੍ਰਧਾਨ ਮੰਤਰੀ ਮੋਦੀ ਅਤੇ ਰਾਸ਼ਟਰਪਤੀ ਟਰੰਪ ਨੇ ਦੁਹਰਾਇਆ ਕਿ ਭਾਰਤ ਅਤੇ ਅਮਰੀਕਾ ਵਿਸ਼ਵ ਸ਼ਾਂਤੀ, ਸਥਿਰਤਾ ਅਤੇ ਖੁਸ਼ਹਾਲੀ ਨੂੰ ਅੱਗੇ ਵਧਾਉਣ ਲਈ ਮਿਲ ਕੇ ਕੰਮ ਕਰਨਾ ਜਾਰੀ ਰੱਖਣਗੇ।

X 'ਤੇ ਇੱਕ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ:

ਉਨ੍ਹਾਂ ਕਿਹਾ ਕਿ ਰਾਸ਼ਟਰਪਤੀ ਟਰੰਪ ਨਾਲ ਬਹੁਤ ਹੀ ਨਿੱਘ ਭਰੀ ਅਤੇ ਸਾਰਥਕ ਗੱਲਬਾਤ ਹੋਈ। ਅਸੀਂ ਆਪਣੇ ਦੁਵੱਲੇ ਸਬੰਧਾਂ ਵਿੱਚ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਖੇਤਰੀ ਅਤੇ ਅੰਤਰਰਾਸ਼ਟਰੀ ਘਟਨਾਵਾਂ 'ਤੇ ਚਰਚਾ ਕੀਤੀ। ਭਾਰਤ ਅਤੇ ਅਮਰੀਕਾ ਵਿਸ਼ਵ ਸ਼ਾਂਤੀ, ਸਥਿਰਤਾ ਅਤੇ ਖੁਸ਼ਹਾਲੀ ਲਈ ਮਿਲ ਕੇ ਕੰਮ ਕਰਨਾ ਜਾਰੀ ਰੱਖਣਗੇ।

@realDonaldTrump

@POTUS”

ਨਵੀਂ ਦਿੱਲੀ

11 ਦਸੰਬਰ 2025